
ਸ਼ਾਮ ਦਾ ਨਿਤਨੇਮ

ਆਰਤੀ—ਆਰਤਾ

ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾ ਤਖ਼ਤ
੯੬ਕਰੋੜੀ ਨਿਹੰਗ ਸਿੰਘ ਚਕ੍ਰਵਰਤੀ ਚਲਦਾ ਵਹੀਰ
ਦੀ ਮਰਿਯਾਦਾ ਅੰਨੁਸਾਰ



ਨੀਲੇ ਪੰਗਤੀ ਪੜ੍ਹਨ ਸਮੇ ਸੰਖ, ਨਗਾਰਾ, ਨਰਸਿੰਘਾ ਆਦਿਕ ਸਾਜਾਂ ਬਜਾਓ

“*” ਆਣ ਸਮੇ ਫੁੱਲਾਂ ਦੀ ਬਰਖਾ ਕਰਨੀ

ਆਰਤੀ–ਆਰਤਾ

ਦੋਹਰਾ॥ ਲੋਪ ਚੰਡਕਾ ਹੋਇ ਗਈ ਸੁਰਪਤਿ ਕੌ ਦੇ ਰਾਜ॥ ਦਾਨਵ ਮਾਰ ਅਭੇਖ ਕਰਿ ਕੀਨੇ ਸੰਤਨ ਕਾਜ॥ ੫੩॥

ਸਵੈਯਾ॥ ਯਾਤੇ ਪ੍ਰਸੰਨਿ ਭਏ ਹੈ ਮਹਾਂ ਮੁਨਿ ਦੇਵਨ ਕੇ ਤਪ ਮੈ ਸੁਖ ਪਾਵੈਂ॥ ਜੱਗਯ ਕਰੈ ਇਕ ਬੇਦ ਰਰੈ ਭਵ ਤਾਪ ਹਰੈ ਮਿਲਿ ਧਿਆਨਹਿ ਲਾਵੈਂ॥ ਝਾਲਰ ਤਾਲ ਮ੍ਰਿਦੰਗ ਉਪੰਗ ਰਬਾਬ ਲੀਏ ਸੁਰ ਸਾਜ ਮਿਲਾਵੈਂ॥ ਕਿੰਨਰ ਗੰਧ੍ਰਬ ਗਾਨ ਕਰੈ ਗਨਿ ਜੱਛ ਅਪੱਛਰ ਨਿਰਤ ਦਿਖਾਵੈਂ॥੫੪॥

ਸੰਖਨ ਕੀ ਧੁਨ ਘੰਟਨ ਕੀ ਕਰਿ ਫੂਲਨ ਕੀ ਬਰਖਾ ਬਰਖਾਵੈਂ॥* ਆਰਤੀ ਕੋਟ ਕਰੈ ਸੁਰ ਸੁੰਦਰ ਪੇਖ ਪੁਰੰਦਰ ਕੇ ਬਲਿ ਜਾਵੈਂ ॥ ਦਾਨਵ ਦੱਛਨ ਦੈ ਕੈ ਪ੍ਰਦੱਛਨ ਭਾਲ ਮੈ ਕੁੰਕਮ ਅੱਛਤ ਲਾਵੈ॥ ਹੋਤ ਕੁਲਾਹਲ ਦੇਵਪੁਰੀ ਮਿਲਿ ਦੇਵਨ ਕੇ ਕੁਲਿ ਮੰਗਲਿ ਗਾਵੈਂ॥੫੫॥

ਦੋਹਰਾ॥ ਐਸੇ ਚੰਡ ਪ੍ਰਤਾਪ ਤੇ ਦੇਵਨ ਬਢਿਓ ਪ੍ਰਤਾਪ॥
ਤੀਨ ਲੋਕ ਜੈ ਜੈ ਕਰੈ ਰਰੈ ਨਾਮ ਸਤਿ ਜਾਪ ॥ ੫੬ ॥

ਸਵੈਯਾ॥ ਹੇ ਰਵਿ ਹੇ ਸਸਿ ਹੇ ਕਰੁਨਾਨਿਧ ਮੇਰੀ ਅਬੈ
ਬਿਨਤੀ ਸੁਨਿ ਲੀਜੈ ॥ ਅਉਰ ਨ ਮਾਂਗਤ ਹਉ ਤੁਮ ਤੇ
ਕਛੁ ਚਾਹਤ ਹਉ ਚਿਤ ਮੈ ਸੋਈ ਕੀਜੈ ॥ ਸਸਤ੍ਰਨ
ਸਿਉਂ ਅਤਿ ਹੀ ਰਣ ਭੀਤਰ ਜੂਝ ਮਰੋਂ ਕਹਿ ਸਾਚ
ਪਤੀਜੈ ॥ ਸੰਤ ਸਹਾਇ ਸਦਾ ਜਗ ਮਾਇ ਕ੍ਰਿਪਾ ਕਰਿ
ਸਯਾਮ ਇਹੈ ਬਰੁ ਦੀਜੈ ॥੧੯੦੦॥

ਕਬਿਤੁ॥ ਸੰਕਟ ਹਰਨ ਸਭ ਸਿੱਧ ਕੀ ਕਰਨ ਚੰਡ
ਤਾਰਨ ਤਰਨ ਸਰਨਲੋਚਨ ਬਿਸਾਲ ਹੈ॥ ਆਦਿ ਜਾ ਕੈ
ਆਹਮ ਹੈ ਅੰਤ ਕੋ ਨ ਪਾਰਾਵਾਰ ਸਰਨ ਉਬਾਰਨ
ਕਰਨ ਪ੍ਰਤਿਪਾਲ ਹੈ॥ ਅਸੁਰ ਸੰਘਾਰਨ ਅਨਿਕ ਦੁਖ
ਜਾਰਨ ਸੋ ਪਤਿਤ ਉਧਾਰਨ ਛਡਾਏ ਜਮ ਜਾਲ ਹੈ॥
ਦੇਵੀ ਬਰਲਾਇਕ ਸਬੁੱਧਿ ਹੂ ਕੀ ਦਾਇਕ ਸੁ ਦੇਹ ਬਰ
ਪਾਇਕ ਬਨਾਵੈ ਗ੍ਰੰਥ ਹਾਲ ਹੈ॥੭ ॥

ਕਬਿਤੁ॥ ਮਿਲਿ ਕੈ ਸੁ ਦੇਵਨ ਬਡਾਈ ਕਰੀ ਕਾਲਕਾ ਕੀ ਏਹੋ ਜਗਮਾਤ ਤੈ ਤੋ ਕਟਿਓ ਬਡੋ ਪਾਪੁ ਹੈ ॥ ਦੈਤਨ ਕੋ ਮਾਰ ਰਾਜ ਦੀਨੋ ਤੈ ਸੁਰੇਸ ਹੂੰ ਕੋ ਬਡੋ ਜਸੁ ਲੀਨੋ ਜਗ ਤੇਰੋ ਈ ਪ੍ਰਤਾਪੁ ਹੈ ॥ ਦੇਤ ਹੈ ਅਸੀਸ ਦਿਜ ਰਾਜ ਰਿਖ ਬਾਰਿ ਬਾਰਿ ਤਹਾ ਹੀ ਪੜਿਓ ਹੈ ਬ੍ਰਹਮ ਕਉਚ ਹੂੰ ਕੋ ਜਾਪ ਹੈ ॥ ਐਸੇ ਜਸੁ ਪੂਰ ਰਹਿਓ ਚੰਡਕਾ ਕੋ ਤੀਨ ਲੋਕ ਜੈਸੇ ਧਾਰ ਸਾਗਰ ਮੈ ਗੰਗਾ ਜੀ ਕੋ ਆਪੁ ਹੈ॥੨੨੭॥

ਸਵੈਯਾ॥ ਤਾਰਨ ਲੋਕ ਉਧਾਰਨ ਭੂਮਹਿ ਦੈਤ ਸੰਘਾਰਨ ਚੰਡ ਤੁਹੀ ਹੈ ॥ ਕਾਰਨ ਈਸ ਕਲਾ ਕਮਲਾ ਹਰਿ ਅਦ੍ਰਸੁਤਾ ਜਹ ਦੇਖੋ ਉਹੀ ਹੈ ॥ ਤਾਮਸਤਾ ਮਮਤਾ ਨਮਤਾ ਕਵਿਤਾ ਕਵਿ ਕੇ ਮਨ ਮੱਧਿ ਗੁਹੀ ਹੈ ॥ ਕੀਨੋ ਹੈ ਕੰਚਨ ਲੋਹ ਜਗਤ੍ਰ ਮੈ ਪਾਰਸ ਮੂਰਤ ਜਾਹਿ ਛੁਹੀ ਹੈ ॥੪॥

ਸਵੈਯਾ॥ ਕਾਲ ਹੀ ਪਾਇ ਭਯੋ ਭਗਵਾਨ ਸੁ ਜਾਗਤ ਯਾ ਜਗ ਜਾ ਕੀ ਕਲਾ ਹੈ ॥ ਕਾਲ ਹੀ ਪਾਇ ਭਯੋ ਬ੍ਰਹਮਾ ਸਿਵ ਕਾਲ ਹੀ ਪਾਇ ਭਯੋ ਜੁਗੀਆ ਹੈ ॥ ਕਾਲ ਹੀ ਪਾਇ ਸੁਰਾ ਸੁਰ ਗੰਧ੍ਰਬ ਜੱਛ ਭੁਜੰਗ ਦਿਸਾ ਬਿਦਿਸਾ ਹੈ ॥ਔਰ ਸੁ ਕਾਲ ਸਭੈ ਬਸਿ ਕਾਲ ਕੇ ਏਕ ਹੀ ਕਾਲ ਅਕਾਲ ਸਦਾ ਹੈ ॥੯੪॥

ਸਵੈਯਾ ॥ ਮੇਰ ਕਰੋ ਤ੍ਰਿਣ ਤੇ ਮੁਹਿ ਜਾਹਿ ਗਰੀਬ ਨਿਵਾਜ ਨ ਦੂਸਰ ਤੋਸੋ॥ ਭੂਲ ਛਿਮੋ ਹਮਰੀ ਪ੍ਰਭ ਆਪਨ ਭੂਲਨਹਾਰ ਕਹੂੰ ਕੋਊ ਮੋਸੋ॥ ਸੇਵ ਕਰੀ ਤੁਮਰੀ ਤਿਨ ਕੇ ਸਭ ਹੀ ਗ੍ਰਿਹ ਦੇਖੀਅਤ ਦ੍ਰਬ ਭਰੋਸੋ॥ ਯਾ ਕਲ ਮੈ ਸਭ ਕਾਲ ਕ੍ਰਿਪਾਨ ਕੇ ਭਾਰੀ ਭੁਜਾਨ ਕੋ ਭਾਰੀ ਭਰੋਸੋ॥੯੨॥

ਸਵੈਯਾ ॥ ਭਾਜਿ ਗਇਓ ਮਘਵਾ ਜਿਨ ਕੇ ਡਰ ਬ੍ਰਹਮ ਤੇ ਆਦਿ ਸਭੈ ਭੈ ਭੀਤੇ॥ ਤੇਈ ਵੈ ਦੈਤ ਪਰਾਇ ਗਏ ਰਨ ਹਾਰ ਨਿਹਾਰ ਭਏ ਬਲੁ ਰੀਤੇ॥ ਜੰਬੁਕ ਗ੍ਰਿਝ ਨਿਰਾਸ ਭਏ ਬਨਬਾਸ ਗਏ ਜੁਗ ਜਾਮਨ ਬੀਤੇ ॥ ਸੰਤ ਸਹਾਇ ਸਦਾ ਜਗ ਮਾਇ ਸੁ ਸੁੰਭ ਨਿਸੁੰਭ ਬਡੇ ਅਰਿ ਜੀਤੇ ॥੨੨੫॥ ਦੇਵ ਸਭੈ ਮਿਲਿ ਕੈ ਇਕ ਠਉਰ ਸੁ ਅੱਛਤ ਕੁੰਕਮ ਚੰਦਨ ਲੀਨੋ॥ ਤੱਛਨ ਲੱਛਨ ਦੈ ਪ੍ਰਦੱਛਨ ਟੀਕਾ ਸੁ ਚੰਡ ਕੇ ਭਾਲ ਮੈ ਦੀਨੋ ॥ ਤਾ ਛਬਿ ਕੋ ਉਪਜਯੋ ਤਹ ਭਾਵ ਇਹੈ ਕਵਿ ਨੇ ਮਨ ਮੈ ਲਖਿ ਲੀਨੋ ॥ ਮਾਨਹੁ ਚੰਡ ਕੈ ਮੰਡਲ ਮੈ ਸੁਭ ਮੰਗਲ ਆਨ ਪ੍ਰਵੇਸਹਿ ਕੀਨੋ ॥੨੨੬॥

ਸਵੈਯਾ॥ ਦੇਹਿ ਅਸੀਸ ਸਭੈ ਸੁਰ ਨਾਰਿ ਸੁਧਾਰਿ ਕੈ ਆਰਤੀ ਦੀਪ ਜਗਾਇਓ ॥ਫੂਲ ਸੁਗੰਧ ਸੁ ਅੱਛਤ ਦੱਛਨ ਜੱਛਨ ਜੀਤ ਕੋ ਗੀਤ ਸੁ ਗਾਇਓ ॥* ਧੂਪ ਜਗਾਇ ਕੈ ਸੰਖ ਬਜਾਇ ਕੈ ਸੀਸ ਨਿਵਾਇ ਕੈ ਬੈਨ ਸੁਨਾਇਓ ॥ ਹੇ ਜਗ ਮਾਇ ਸਦਾ ਸੁਖ ਦਾਇ ਤੈ ਸੁੰਭ ਕੋ ਘਾਇ ਬਡੋ ਜਸੁ ਪਾਇਓ ॥੨੨੭॥

ਸਕ੍ਹਿ ਸਾਜਿ ਸਮਾਜਿ ਦੈ ਚੰਡ ਸੁ ਮੋਦ ਮਹਾ ਮਨ ਮਾਹਿ ਰਈ ਹੈ ॥ ਸੂਰ ਸਸੀ ਨਭ ਥਾਪ ਕੈ ਤੇਜੁ ਦੈ ਆਪ ਤਹਾ ਤੇ ਸੁ ਲੋਪ ਭਈ ਹੈ ॥ ਬੀਚ ਅਕਾਸ ਪ੍ਕਾਸ ਬਢਿਓ ਤਹ ਕੀ ਉਪਮਾ ਮਨ ਤੇ ਨ ਗਈ ਹੈ ॥ ਧੂਰ ਕੈ ਪੂਰ ਮਲੀਨ ਹੁਤੋ ਰਵਿ ਮਾਨਹੁ ਚੰਡਕਾ ਓਪ ਦਈ ਹੈ ॥੨੨੯॥

ਦੇਹਿ ਸਿਵਾ ਬਰ ਮੋਹਿ ਇਹੈ ਸੁਭ ਕਰਮਨ ਤੇ ਕਬਹੂ ਨ ਟਰੋਂ॥ ਨ ਡਰੋਂ ਅਰਿ ਸੋ ਜਬ ਜਾਇ ਲਰੋਂ ਨਿਸਚੈ ਕਰਿ ਆਪਨੀ ਜੀਤ ਕਰੋਂ॥ ਅਰੁ ਸਿੱਖ ਹੌਂ ਆਪਨੇ ਹੀ ਮਨ ਕੌ ਇਹ ਲਾਲਚ ਹਉਂ ਗੁਨ ਤਉ ਉਚਰੋਂ॥ ਜਬ ਆਵ ਕੀ ਅਉਧ ਨਿਦਾਨ ਬਨੈ ਅਤਿ ਹੀ ਰਨ ਮੈ ਤਬ ਜੂਝ ਮਰੋਂ ॥੨੩੧॥

ਚੰਡ ਚਰਿਤ੍ਰ ਕਵਿਤਨ ਮੈ ਬਰਨਿਓ ਸਭ ਹੀ ਰਸ ਰੁਦ੍ਰ ਮਈ ਹੈ ॥ ਏਕ ਤੇ ਏਕ ਰਸਾਲ ਭਇਓ ਨਖ ਤੇ ਸਿਖ ਲਉ ਉਪਮਾ ਸੁ ਨਈ ਹੈ ॥ ਕਉਤਕ ਹੇਤ ਕਰੀ ਕਵਿ ਨੇ ਸਤਿਸਯਾ ਕੀ ਕਥਾ ਇਹ ਪੂਰੀ ਭਈ ਹੈ ॥ ਜਾਹਿ ਨਮਿੱਤ ਪੜੈ ਸੁਨਿ ਹੈ ਨਰ ਸੋ ਨਿਸਚੈ ਕਰਿ ਤਾਹਿ ਦਈ ਹੈ ॥੨੩੨॥

ਦੋਹਰਾ ॥ ਗ੍ਰੰਥ ਸਤਿਸਇਆ ਕੋ ਕਰਿਓ ਜਾ ਸਮ ਅਵਰੁ ਨ ਕੋਇ॥ ਜਿਹ ਨਮਿਤ ਕਵਿ ਨੇ ਕਹਿਓ ਸੁ ਦੇਹ ਚੰਡਕਾ ਸੋਇ ॥੨੩੩॥

ਦੋਹਰਾ॥ ਨਮਸਕਾਰ ਸ੍ਰੀ ਖੜਗ ਕੋ ਕਰੌ ਸੁ ਹਿਤੁ ਚਿਤੁ ਲਾਇ॥ ਪੂਰਨ ਕਰੌ ਗਿਰੰਥ ਇਹ ਤੁਮ ਮੋਹਿ ਕਰਹੁ ਸਹਾਇ ॥੧॥

ਤ੍ਰਿਭੰਗੀ ਛੰਦ ॥ ਸ੍ਰੀ ਕਾਲ ਜੀ ਕੀ ਉਸਤਤਿ ॥

ਖਗ ਖੰਡ ਬਿਹੰਡੰ ਖਲ ਦਲ ਖੰਡੰ ਅਤਿ ਰਣ ਮੰਡੰ ਬਰਭੰਡੰ॥ ਭੁਜ ਦੰਡ ਅਖੰਡੰ ਤੇਜ ਪ੍ਰਚੰਡੰ ਜੋਤਿ ਅਮੰਡੰ ਭਾਨ ਪ੍ਰਭੰ॥ ਸੁਖ ਸੰਤਾ ਕਰਣੰ ਦੁਰਮਤਿ ਦਰਣੰ ਕਿਲਬਿਖ ਕਰਣੰ ਅਸ ਸਰਣੰ॥ ਜੈ ਜੈ ਜਗ ਕਾਰਣ ਸ੍ਰਿਸਟ ਉਬਾਰਣ ਮਮ ਪ੍ਰਤਿਪਾਰਣ ਜੈ ਤੇਗੰ ॥੨॥

ਰੋਗਨ ਤੇ ਅਰ ਸੋਗਨ ਤੇ ਜਲ ਜੋਗਨ ਤੇ ਬਹੁ ਭਾਂਤਿ ਬਚਾਵੈ॥ ਸੱਤ੍ਰ ਅਨੇਕ ਚਲਾਵਤ ਘਾਵ ਤਊ ਤਨ ਏਕ ਨ ਲਾਗਨ ਪਾਵੈ ॥ ਰਾਖਤ ਹੈ ਅਪਨੋ ਕਰ ਦੈ ਕਰ ਪਾਪ ਸੰਬੂਹ ਨ ਭੇਟਨ ਪਾਵੈ॥ ਔਰ ਕੀ ਬਾਤ ਕਹਾ ਕਹ ਤੋ ਸੌ ਸੁ ਪੇਟ ਹੀ ਕੇ ਪੇਟ ਬੀਚ ਬਚਾਵੈ॥੬॥੨੪੮॥

ਸਵੈਯਾ॥ ਪਾਂਇ ਗਹੇ ਜਬ ਤੇ ਤੁਮਰੇ ਤਬ ਤੇ ਕੋਊ ਆਂਖ ਤਰੇ ਨਹੀ ਆਨਯੋ॥ ਰਾਮ ਰਹੀਮ ਪੁਰਾਨ ਕੁਰਾਨ ਅਨੇਕ ਕਹੈਂ ਮਤਿ ਏਕ ਨ ਮਾਨਯੋ॥ ਸਿੰਮ੍ਰਿਤਿ ਸਾਸਤ੍ਰ ਬੇਦ ਸਭੈ ਬਹੁ ਭੇਦ ਕਹੈ ਹਮ ਏਕ ਨ ਜਾਨਯੋ॥ ਸ੍ਰੀ ਅਸਿਪਾਨ ਕ੍ਰਿਪਾ ਤੁਮਰੀ ਕਰ ਮੈ ਨ ਕਹਯੋ ਸਭ ਤੋਹਿ ਬਖਾਨਯੋ ॥੧੬੨॥

ਦੋਹਰਾ ॥ ਸਗਲ ਦੁਆਰ ਕਉ ਛਾਡਿ ਕੈ ਗਹਿਯੋ ਤੁਹਾਰੋ ਦੁਆਰ ॥ ਬਾਂਹਿ ਗਹੇ ਕੀ ਲਾਜ ਅਸ ਗੋਬਿੰਦ ਦਾਸ ਤੁਹਾਰ ॥੮੬੪॥

ਆਰਤੀ ਧਨਾਸਰੀ ਮਹਲਾ ੧

ਆਰਤੀ ੴ ਸਤਿਗੁਰ ਪ੍ਰਸਾਦਿ ॥

ਗਗਨ ਮੈ ਥਾਲੁ ਰਵਿ ਚੰਦੁ ਦੀਪਕ ਬਨੇ ਤਾਰਿਕਾ ਮੰਡਲ ਜਨਕ ਮੋਤੀ ॥ ਧੂਪੁ ਮਲਆਨਲੋ ਪਵਣੁ ਚਵਰੋ ਕਰੇ ਸਗਲ ਬਨਰਾਇ ਫੂਲੰਤ ਜੋਤੀ ॥੧॥

ਕੈਸੀ ਆਰਤੀ ਹੋਇ ਭਵ ਖੰਡਨਾ ਤੇਰੀ ਆਰਤੀ ॥
ਅਨਹਤਾ ਸਬਦ ਵਾਜੰਤ ਭੇਰੀ ॥੧॥ ਰਹਾਉ ॥ ਸਹਸ
ਤਵ ਨੈਨ ਨਨ ਨੈਨ ਹੈ ਤੋਹਿ ਕਉ ਸਹਸ ਮੂਰਤਿ ਨਨਾ
ਏਕ ਤੋਹੀ ॥ ਸਹਸ ਪਦ ਬਿਮਲ ਨਨ ਏਕ ਪਦ ਗੰਧ
ਬਿਨੁ ਸਹਸ ਤਵ ਗੰਧ ਇਵ ਚਲਤ ਮੋਹੀ ॥੨॥ ਸਭ
ਮਹਿ ਜੋਤਿ ਜੋਤਿ ਹੈ ਸੋਇ ॥ ਤਿਸ ਕੈ ਚਾਨਣਿ ਸਭ
ਮਹਿ ਚਾਨਣੁ ਹੋਇ॥ ਗੁਰ ਸਾਖੀ ਜੋਤਿ ਪਰਗਟੁ
ਹੋਇ ॥ ਜੋ ਤਿਸੁ ਭਾਵੈ ਸੁ ਆਰਤੀ ਹੋਇ ॥੩॥ ਹਰਿ
ਚਰਣ ਕਮਲ ਮਕਰੰਦ ਲੋਭਿਤ ਮਨੋ ਅਨਦਿਨੋ ਮੋਹਿ
ਆਹੀ ਪਿਆਸਾ॥ ਕ੍ਰਿਪਾ ਜਲੁ ਦੇਹਿ ਨਾਨਕ ਸਾਰਿੰਗ
ਕਉ ਹੋਇ ਜਾ ਤੇ ਤੇਰੈ ਨਾਮਿ ਵਾਸਾ ॥੪॥੧॥੭॥੯॥

ਨਾਮੁ ਤੇਰੋ ਆਰਤੀ ਮਜਨੁ ਮੁਰਾਰੇ ॥ ਹਰਿ ਕੇ ਨਾਮ
ਬਿਨੁ ਝੂਠੇ ਸਗਲ ਪਾਸਾਰੇ ॥੧॥ ਰਹਾਉ ॥ ਨਾਮੁ ਤੇਰੋ
ਆਸਨੋ ਨਾਮੁ ਤੇਰੋ ਉਰਸਾ ਨਾਮੁ ਤੇਰਾ ਕੇਸਰੋ ਲੇ ਛਿ-
ਟਕਾਰੇ ॥ ਨਾਮੁ ਤੇਰਾ ਅੰਭੁਲਾ ਨਾਮੁ ਤੇਰੋ ਚੰਦਨੋ ਘਸਿ
ਜਪੇ ਨਾਮੁ ਲੇ ਤੁਝਹਿ ਕਉ ਚਾਰੇ ॥੧॥

ਨਾਮੇ ਤੇਰਾ ਦੀਵਾ ਨਾਮੁ ਤੇਰੋ ਬਾਤੀ ਨਾਮੁ ਤੇਰੋ ਤੇਲੁ ਲੇ ਮਾਹਿ ਪਸਾਰੇ ॥ ਨਾਮ ਤੇਰੇ ਕੀ ਜੋਤਿ ਲਗਾਈ ਭਇਓ ਉਜਿਆਰੋ ਭਵਨ ਸਗਲਾਰੇ ॥੨॥ ਨਾਮੁ ਤੇਰੋ ਤਾਗਾ ਨਾਮੁ ਫੂਲ ਮਾਲਾ ਭਾਰ ਅਠਾਰਹ ਸਗਲ ਜੂਠਾਰੇ ॥ ਤੇਰੋ ਕੀਆ ਤੁਝਹਿ ਕਿਆ ਅਰਪਉ ਨਾਮੁ ਤੇਰਾ ਤੁਹੀ ਚਵਰ ਢੋਲਾਰੇ ॥੩॥ ਦਸ ਅਠਾ ਅਠਸਠੇ ਚਾਰੇ ਖਾਣੀ ਇਹੈ ਵਰਤਣਿ ਹੈ ਸਗਲ ਸੰਸਾਰੇ ॥ ਕਹੈ ਰਵਿਦਾਸੁ ਨਾਮੁ ਤੇਰੋ ਆਰਤੀ ਸਤਿ ਨਾਮੁ ਹੈ ਹਰਿ ਭੋਗ ਤੁਹਾਰੇ ॥ ੪॥੩॥

ਸ੍ਰੀ ਸੈਣੁ॥ ਧੂਪ ਦੀਪ ਘ੍ਰਿਤ ਸਾਜਿ ਆਰਤੀ॥ ਵਾਰਨੇ ਜਾਉ ਕਮਲਾ ਪਤੀ ॥੧॥ ਮੰਗਲਾ ਹਰਿ ਮੰਗਲਾ॥ ਨਿਤ ਮੰਗਲੁ ਰਾਜਾ ਰਾਮ ਰਾਇ ਕੋ ॥੧॥ਰਹਾਉ॥ ਊਤਮੁ ਦੀਅਰਾ ਨਿਰਮਲ ਬਾਤੀ॥ ਤੁੰਹੀ ਨਿਰੰਜਨੁ ਕਮਲਾ ਪਾਤੀ ॥੨॥ ਰਾਮਾ ਭਗਤਿ ਰਾਮਾਨੰਦੁ ਜਾਨੈ ॥ ਪੂਰਨ ਪਰਮਾਨੰਦੁ ਬਖਾਨੈ॥੩॥ ਮਦਨ ਮੂਰਤਿ ਭੈ ਤਾਰਿ ਗੋਬੰਦੇ॥ ਸੈਨੁ ਭਣੈ ਭਜੁ ਪਰਮਾਨੰਦੇ॥੪॥੨॥

ਪ੍ਰਭਾਤੀ॥ ਸੁੰਨ ਸੁੰਧਿਆ ਤੇਰੀ ਦੇਵ ਦੇਵਾਕਰ ਅਧਪਤਿ ਆਦਿ ਸਮਾਈ॥ ਸਿਧ ਸਮਾਧਿ ਅੰਤੁ ਨਹੀ ਪਾਇਆ ਲਾਗਿ ਰਹੇ ਸਰਨਾਈ॥੧॥ ਲੇਹੁ ਆਰਤੀ ਹੋ ਪੁਰਖ ਨਿਰੰਜਨ ਸਤਿਗੁਰ ਪੂਜਹੁ ਭਾਈ॥ ਠਾਢਾ ਬ੍ਰਹਮਾ ਨਿਗਮ ਬੀਚਾਰੈ ਅਲਖੁ ਨ ਲਖਿਆ ਜਾਈ ॥੧॥ ਰਹਾਉ ॥ ਤਤੁ ਤੇਲੁ ਨਾਮੁ ਕੀਆ ਬਾਤੀ ਦੀਪਕੁ ਦੇਹ ਉਜ੍ਯ੍ਯਾਰਾ ॥ ਜੋਤਿ ਲਾਇ ਜਗਦੀਸ ਜਗਾਇਆ ਬੂਝੈ ਬੂਝਨਹਾਰਾ ॥੨॥ ਪੰਚੇ ਸਬਦ ਅਨਾਹਦ ਬਾਜੇ ਸੰਗੇ ਸਾਰਿੰਗਪਾਨੀ॥ ਕਬੀਰ ਦਾਸ ਤੇਰੀ ਆਰਤੀ ਕੀਨੀ ਨਿਰੰਕਾਰ ਨਿਰਬਾਨੀ ॥੩॥॥੫॥

ਧੰਨਾ॥ ਗੋਪਾਲ ਤੇਰਾ ਆਰਤਾ ॥ ਜੋ ਜਨ ਤੁਮਰੀ ਭਗਤਿ ਕਰੰਤੇ ਤਿਨ ਕੇ ਕਾਜ ਸਵਾਰਤਾ ॥੧॥ਰਹਾਉ॥ ਦਾਲਿ ਸੀਧਾ ਮਾਗਉ ਘੀਉ ॥ ਹਮਰਾ ਖੁਸੀ ਕਰੈ ਨਿਤ ਜੀਉ॥ ਪਨ੍ਹੀਆ ਛਾਦਨੁ ਨੀਕਾ॥ ਅਨਾਜੁ ਮਗਉ ਸਤ ਸੀ ਕਾ ॥੧॥ ਗਊ ਭੈਸ ਮਗਉ ਲਾਵੇਰੀ॥ ਇਕ ਤਾਜਨਿ ਤੁਰੀ ਚੰਗੇਰੀ॥ ਘਰ ਕੀ ਗੀਹਨਿ ਚੰਗੀ ॥ ਜਨੁ ਧੰਨਾ ਲੇਵੈ ਮੰਗੀ ॥੨॥੪॥

ਰਾਗ ਸੋਰਠਿ ॥ ਭੂਖੇ ਭਗਤਿ ਨ ਕੀਜੈ॥ ਯਹ ਮਾਲਾ ਅਪਨੀ ਲੀਜੈ॥ ਹਉ ਮਾਂਗਉ ਸੰਤਨ॥ ਮੈ ਨਾਹੀ ਕਿਸੀ ਕਾ ਦੇਨਾ॥੧॥ ਮਾਧੋ ਕੈਸੀ ਬਨੈ ਤੁਮ ਸੰਗੇ॥ ਆਪਿ ਨ ਦੇਹੁ ਤ ਲੇਵਉ ਮੰਗੇ॥ ਰਹਾਉ ॥ ਦੁਇ ਸੇਰ ਮਾਂਗਉ ਚੂਨਾ॥ ਪਾਉ ਘੀਉ ਸੰਗਿ ਲੂਨਾ॥ ਅਧ ਸੇਰੁ ਮਾਂਗਉ ਦਾਲੇ॥ ਮੋ ਕਉ ਦੋਨਉ ਵਖਤ ਜਿਵਾਲੇ॥੨॥ ਖਾਟ ਮਾਂਗਉ ਚਉਪਾਈ॥ ਸਿਰਹਾਨਾ ਅਵਰ ਤੁਲਾਈ॥ ਊਪਰ ਕਉ ਮਾਂਗਉ ਖੀਂਧਾ॥ ਤੇਰੀ ਭਗਤਿ ਕਰੈ ਜਨੁ ਥੀਧਾ॥੩॥ ਮੈ ਨਾਹੀ ਕੀਤਾ ਲਬੋ॥ ਇਕੁ ਨਾਉ ਤੇਰਾ ਮੈ ਫਬੋ॥ ਕਹਿ ਕਬੀਰ ਮਨੁ ਮਾਨਿਆ॥ ਮਨੁ ਮਾਨਿਆ ਤਉ ਹਰਿ ਜਾਨਿਆ ॥੪॥੧੧॥

ਸਲੋਕੁ ਮ: ੧ ॥ ਗੁਰੁ ਦਾਤਾ ਗੁਰੁ ਹਿਵੈ ਘਰੁ ਗੁਰੁ ਦੀਪਕੁ ਤਿਹ ਲੋਇ ॥ ਅਮਰ ਪਦਾਰਥੁ ਨਾਨਕਾ ਮਨਿ ਮਾਨਿਐ ਸੁਖੁ ਹੋਇ ॥੧॥ ਗੁਰੁ ਦਾਤਾ ਗੁਰੁ ਸੂਰਮਾ ਗੁਰੁ ਸੀਤਲੁ ਨਿਰਦੋਖ॥ ਨਾਨਕ ਗੁਰੁ ਤੇ ਪਾਈਐ ਸੀਲ ਧਰਮ ਸੰਤੋਖ ॥

ਚਿੰਤਾ ਤਾ ਕੀ ਕੀਜੀਐ ਜੋ ਅਨਹੋਨੀ ਹੋਇ ॥ ਇਹੁ ਮਾਰਗੁ ਸੰਸਾਰ ਕੋ ਨਾਨਕ ਥਿਰੁ ਨਹੀ ਕੋਇ ॥੫੧॥

ਜੋ ਉਪਜਿਓ ਸ ਬਿਨਸਿ ਹੈ ਪਰੋ ਆਜੁ ਕੈ ਕਾਲਿ ॥
ਨਾਨਕ ਹਰਿ ਗੁਨ ਗਾਇ ਲੇ ਛਾਡਿ ਸਗਲ ਜੰਜਾਲ ॥
੫੨॥

ਨਾਮੁ ਰਹਿਓ ਸਾਧੂ ਰਹਿਓ ਰਹਿਓ ਗੁਰੁ ਗੋਬਿੰਦੁ ॥ ਕਹੁ
ਨਾਨਕ ਇਹ ਜਗਤ ਮੈ ਕਿਨ ਜਪਿਓ ਗੁਰ ਮੰਤੁ ॥
੫੬॥ ਰਾਮ ਨਾਮੁ ਉਰ ਮੈ ਗਹਿਓ ਜਾ ਕੈ ਸਮ ਨਹੀ
ਕੋਇ ॥ ਜਿਹ ਸਿਮਰਤ ਸੰਕਟ ਮਿਟੈ ਦਰਸੁ ਤੁਹਾਰੋ
ਹੋਇ ॥੫੭॥੧॥

ਅਸਿ ਕ੍ਰਿਪਾਨ ਖੰਡੋ ਖੜਗ ਤੁਪਕ ਤਬਰ ਅਰੁ ਤੀਰ॥
ਸੈਫ ਸਰੋਹੀ ਸੈਹਥੀ ਯਹੈ ਹਮਾਰੈ ਪੀਰ ॥੩॥
ਤੀਰ ਤੁਹੀ ਸੈਥੀ ਤੁਹੀ ਤੁਹੀ ਤਬਰ ਤਰਵਾਰ॥ ਨਾਮੁ
ਤਿਹਾਰੋ ਜੋ ਜਪੈ ਭਏ ਸਿੰਧ ਭਵ ਪਾਰ ॥੪॥ ਕਾਲ
ਤੁਹੀ ਕਾਲੀ ਤੁਹੀ ਤੁਹੀ ਤੇਗ ਅਰੁ ਤੀਰ॥ ਤੁਹੀ
ਨਿਸ਼ਾਨੀ ਜੀਤ ਕੀ ਆਜੁ ਤੁਹੀ ਜਗਬੀਰ॥

ਜਿਤੇ ਸਸਤ੍ਰ ਨਾਮੰ ॥ ਨਮਸਕਾਰ ਤਾਮੰ ॥
ਜਿਤੇ ਅਸਤ੍ਰ ਭੇਯੰ ॥ ਨਮਸਕਾਰ ਤੇਯੰ ॥੯੧॥

ਤੀਰੋ ਤੁਫੰਗੋ ਬਡੋ ਰਾਮ ਜੰਗੋ ਧਮਕ ਧਾਰ ਅਣੀਆਰ ਕਮੰਦ ਕੋਰੜਾ॥ ਪੰਜ ਸ਼ਸਤਰ ਪਰਵਾਣ॥ ਸੁਣੋ ਨੰਦ ਲਾਲ ਯਹਿ ਸਾਜ ॥ ਪ੍ਰਗਟ ਕਰੂੰ ਅਪਣਾ ਰਾਜ॥ ਚਾਰ ਵਰਨ ਇਕ ਵਰਨ ਕਰਾਊਂ॥ ਵਾਹਿਗੁਰੂ ਸਿੰਘ ਕੋ ਨਾਮ ਜਪਾਊਂ॥ ਚੜ੍ਹੈ ਸਿਘ ਤਿਸੁ ਮੁਕਤ ਕਰਾਊਂ॥ ਝੂਲਨ ਨੇਜੇ ਹਸਤੀ ਸਾਜੇ॥ ਦੁਆਰ ਦੁਆਰ ਪੁਰ ਨੌਬਤ ਬਾਜੇ॥ ਸਵਾ ਲਾਖ ਜਬ ਧੁਖੈ ਪਲੀਤਾ॥ ਤਬੈ ਖਾਲਸਾ ਉਦੇ ਅਸਤ ਲੌ ਜੀਤਾ॥

ਰਾਜ ਕਰੇਗਾ ਖਾਲਸਾ ਆਕੀ ਰਹੈ ਨ ਕੋਇ॥ ਖੁਆਰ ਹੋਇ ਸਭ ਮਿਲਹਿੰਗੇ ਬਚੇ ਸਰਨ ਜੋ ਹੋਇ॥

ਉਠ ਗਈ ਸਫਾ ਮਲੇਛ ਕੀ ਕਰ ਕੂੜਾ ਪਾਸਾਰ॥ ਡੰਕਾ ਬਾਜੇ ਫਤਿਹ ਕਾ ਨਿਹਕਲੰਕ ਅਵਤਾਰ ॥

ਬਿਜੈ ਛੰਦ॥ ਲੰਕ ਲੂਟ ਲਿਆਊਂ ਪਲਕ ਪੇਸ਼ ਖਾਨਾ ਚਲਾਊਂ ਨਰਦ ਗਰਦ ਮਿਲਾਊ ਮੈਂ ਜੋ ਮਾਤੇ ਅਭਿਮਾਨ ਕੇ॥ ਰੂਮ ਨੌਬਤ ਬਜਾਊਂ ਸ਼ਾਮ ਮੋਹਰਾਂ ਚਲਾਊਂ ਪਾਤਸ਼ਾਹੀ ਲੈ ਕਰਾਊਂ ਤਖਤ ਸਾਚੇ ਸਾਹਿਬਾਨ ਕੇ॥ ਨ ਆਪ ਲੜੂੰ ਨ ਫੋਜ ਲੜਾਊਂ ॥ ਭਟ ਬੀਰਨ ਸੇਤੀ ਬਾਂਧ ਮੰਗਾਊਂ॥ ਨਾ ਛਾਡੂੰ ਖਲਕ ਨਾ ਛਾਡੂੰ ਬਲਖ ਪਰਬਤ ਕਾਟੂੰ ਇਰਾਨ ਖੁਰਾਸਾਨ ਕੇ॥ ਮੇਰੋ ਨਾਉਂ ਗੁਰੂ ਗੋਬਿੰਦ ਸਿਘ ਸੋਢੀ ਰਾਇ॥ ਅਸ ਖਲੋਨਾ ਸਭ ਖਲਕਤ ਰਾਜ ਸਾਜ ਬਾਂਧ ਮੰਗਾਊਂ ਗੋਸ਼ੇ ਕਮਾਨ ਕੇ ॥

ਹੁਕਮ ਸੱਤ॥ ਸ੍ਰੀ ਵਾਹਿਗੁਰੂ ਜੀ ਕੀ ਫਤਿਹ ॥ ਸਿੱਕਾ ਜ਼ਦ ਬਰ ਹਰ ਦੋ ਆਲਿਮ ਫਜ਼ਲਿ ਸਚੇ ਸਾਹਿਬੱਸਤ ॥ ਗੋਬਿੰਦ ਸਿੰਘ ਖ਼ੁਦ ਸ਼ਾਹਿਨਸ਼ਾਹ ਤੇਗ ਨਾਨਕ ਵਾਹਿਬੱਸਤ ॥ ਦੇਗ਼ ਤੇਗ਼ ਫ਼ਤਹ ਨੁਸਰਤ ਬੇਦਰੰਗ ਯਾਫ਼ਤਜ਼ ਨਾਨਕ ਗੁਰੂ ਗੋਬਿੰਦ ਸਿੰਘ ॥

ਸ੍ਰੀ ਅਕਾਲ ਪੁਰਖ ਜੀ ਸਹਾਇ॥ ਜੀ ਦਰਬਾਰਨ ਮੈਂ ਤੇਰੋ ਦਰਬਾਰਾ ਸਚ ਖੰਡ ਵਸੈ ਨਿਰੰਕਾਰਾ॥ ਲਛਮੀ ਖੜੀ ਤੁਮਰੇ ਦਰਬਾਰਾ ਸਰਬ ਦੇਵਤੇ ਕਰੇ ਨਮਸਕਾਰਾ ॥

ਦੋਹਰਾ ॥ ਨਾਨਕ ਗੁਰੂ ਗੋਬਿੰਦ ਸਿੰਘ ਜੀ ਪੂਰਨ ਗੁਰ ਅਵਤਾਰ॥ ਜਗਮਗ ਜੋਤਿ ਬਿਰਾਜ ਰਹੀ ਸ੍ਰੀ ਅਬਿਚਲ ਨਗਰ ਮਝਾਰ॥ ਸੱਚਖੰਡ ਕੇ ਦਰਬਾਰ॥

ਚੱਤ੍ਰ ਚੱਕ੍ਰ ਵਰਤੀ ਚੱਤ੍ਰ ਚੱਕ੍ਰ ਭੁਗਤੇ॥ ਸੁਯੰਭਵ ਸੁਭੰ ਸਰਬਦਾ ਸਰਬ ਜੁਗਤੇ॥ ਦੁਕਾਲੰ ਪ੍ਰਣਾਸੀ ਦਇਆਲੰ ਸਰੂਪੇ॥ ਸਦਾ ਅੰਗ ਸੰਗੇ ਅਭੰਗੰ ਬਿਭੂਤੇ॥

ਡਿਠੇ ਸਭੇ ਥਾਵ ਨਹੀ ਤੁਧੁ ਜੇਹਿਆ ॥ ਬਧੋਹੁ ਪੁਰਖਿ ਬਿਧਾਤੈ ਤਾਂ ਤੂ ਸੋਹਿਆ ॥ ਵਸਦੀ ਸਘਨ ਅਪਾਰ ਅਨੂਪ ਰਾਮਦਾਸ ਪੁਰ ॥ ਹਰਿਹਾਂ ਨਾਨਕ ਕਸਮਲ ਜਾਹਿ ਨਾਇਐ ਰਾਮਦਾਸ ਸਰ ॥੧੦॥

ਸਲੋਕ ਮਃ ੫॥ਜਾਚਕੁ ਮੰਗੈ ਦਾਨੁ ਦੇਹਿ ਪਿਆਰਿਆ॥ ਦੇਵਣਹਾਰੁ ਦਾਤਾਰੁ ਮੈ ਨਿਤ ਚਿਤਾਰਿਆ॥ ਨਿਖੁਟਿ ਨ ਜਾਈ ਮੂਲਿ ਅਤੁਲ ਭੰਡਾਰਿਆ॥ ਨਾਨਕ ਸਬਦੁ ਅਪਾਰੁ ਤਿਨਿ ਸਭੁ ਕਿਛੁ ਸਾਰਿਆ॥੧॥

ਪਉੜੀ ॥ ਸਤਿਗੁਰੁ ਹੋਇ ਦਇਆਲੁ ਤ ਸਰਧਾ ਪੂਰੀਐ ॥ ਸਤਿਗੁਰੁ ਹੋਇ ਦਇਆਲੁ ਨ ਕਬਹੂੰ ਝੂਰੀਐ ॥ਸਤਿਗੁਰੁ ਹੋਇ ਦਇਆਲੁ ਤਾ ਦੁਖੁ ਨ ਜਾਣੀਐ ॥ਸਤਿਗੁਰੁ ਹੋਇ ਦਇਆਲੁ ਤਾ ਹਰਿ ਰੰਗੁ ਮਾਣੀਐ ॥ਸਤਿਗੁਰੁ ਹੋਇ ਦਇਆਲੁ ਤਾ ਜਮ ਕਾ ਡਰੁ ਕੇਹਾ ॥ਸਤਿਗੁਰੁ ਹੋਇ ਦਇਆਲੁ ਤਾ ਸਦ ਹੀ ਸੁਖੁ ਦੇਹਾ ॥ਸਤਿਗੁਰੁ ਹੋਇ ਦਇਆਲੁ ਤਾ ਨਵ ਨਿਧਿ ਪਾਈਐ॥ਸਤਿਗੁਰੁ ਹੋਇ ਦਇਆਲੁ ਤ ਸਚਿ ਸਮਾਈਐ ॥੨੫॥ ਪਉੜੀ ॥ ਕੀਤਾ ਲੋੜੀਐ ਕੰਮੁ ਸੁ ਹਰਿ ਪਹਿ ਆਖੀਐ ॥ ਕਾਰਜੁ ਦੇਇ ਸਵਾਰਿ ਸਤਿਗੁਰ ਸਚੁ ਸਾਖੀਐ ॥ ਸੰਤਾ ਸੰਗਿ ਨਿਧਾਨੁ ਅੰਮ੍ਰਿਤੁ ਚਾਖੀਐ ॥ ਭੈ ਭੰਜਨ ਮਿਹਰਵਾਨ ਦਾਸ ਕੀ ਰਾਖੀਐ ॥ ਨਾਨਕ ਹਰਿ ਗੁਣ ਗਾਇ ਅਲਖੁ ਪ੍ਰਭੁ ਲਾਖੀਐ॥੨੦॥ ਪਉੜੀ ॥ ਸੁੰਭ ਨਿਸੁੰਭ ਪਠਾਇਆ ਜਮ ਦੇ ਧਾਮ ਨੋ ॥ ਇੰਦ੍ਰ ਸਦਿ ਬੁਲਾਇਆ ਰਾਜ ਅਭਿਸ਼ੇਖਨੋ ॥ ਸਿਰ ਪਰ ਛਤ੍ਰ ਫਿਰਾਇਆ ਰਾਜੇ ਇੰਦ੍ਰ ਦੈ ॥ ਚਉਦਹ ਲੋਕਾਂ ਛਾਇਆ ਜਸੁ ਜਗਮਾਤ ਦਾ ॥ ਦੁਰਗਾ ਪਾਠ ਬਣਾਇਆ ਸਭੇ ਪਉੜੀਆਂ ॥ ਫੇਰਿ ਨ ਜੂਨੀ ਆਇਆ ਜਿਨਿ ਇਹ ਗਾਇਆ ॥੫੫॥